# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 27-08-2024**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਭਲਕੇ ਨਵੀਂ ਦਿੱਲੀ ਵਿੱਚ ਪੁਲਿਸ ਖੋਜ ਅਤੇ ਵਿਕਾਸ ਬਿਊਰੋ ਦੇ 54ਵੇਂ ਸਥਾਪਨਾ ਦਿਵਸ ਸਮਾਰੋਹ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਗ੍ਰਹਿ ਮੰਤਰੀ "ਨਵਾਂ ਅਪਰਾਧਿਕ ਕਾਨੂੰਨ - ਨਾਗਰਿਕ ਕੇਂਦਰਿਤ ਸੁਧਾਰ" ਵਿਸ਼ੇ 'ਤੇ ਡਾ: ਆਨੰਦ ਸਵਰੂਪ ਗੁਪਤਾ ਯਾਦਗਾਰੀ ਭਾਸ਼ਣ ਦੇਣਗੇ। ਸ੍ਰੀ ਸ਼ਾਹ ਸਾਲ 2023 ਅਤੇ 2024 ਲਈ ਵਿਸ਼ੇਸ਼ ਸੇਵਾਵਾਂ ਲਈ ਰਾਸ਼ਟਰਪਤੀ ਮੈਡਲ ਪ੍ਰਾਪਤ ਕਰਨ ਵਾਲਿਆਂ ਦਾ ਸਨਮਾਨ ਵੀ ਕਰਨਗੇ । ਸਮਾਗਮ ਦੌਰਾਨ ਗ੍ਰਹਿ ਮੰਤਰੀ ਬਿਊਰੋ ਦੇ ਪ੍ਰਕਾਸ਼ਨ, ਭਾਰਤੀ ਪੁਲਿਸ ਜਰਨਲ ਦਾ ਵਿਸ਼ੇਸ਼ ਸੰਸਕਰਣ ਵੀ ਜਾਰੀ ਕਰਨਗੇ । ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਬਿਊਰੋ, ਪੁਲਿਸਿੰਗ ਵਿੱਚ ਉੱਤਮਤਾ ਨੂੰ ਉਤਸ਼ਾਹਤ ਕਰਨ ਲਈ ਪੁਲਿਸ ਦੇ ਥਿੰਕ ਟੈਂਕ ਵਜੋਂ ਕੰਮ ਕਰਦਾ ਏ।

---

ਭਾਰਤੀ ਖੁਰਾਕ ਸੁਰੱਖਿਆ ਤੇ ਮਿਆਰ ਅਥਾਰਟੀ ਨੇ ਹਾਲ ਹੀ ਵਿੱਚ ਜਾਰੀ ਕੀਤੀ ਸਲਾਹ ਨੂੰ ਵਾਪਸ ਲੈ ਲਿਆ ਏ, ਜਿਸ ਵਿੱਚ ਖੁਰਾਕ ਉਤਪਾਦਕਾਂ ਨੂੰ ਦੁੱਧ ਅਤੇ ਦੁੱਧ ਉਤਪਾਦਾਂ ਦੀ ਪੈਕਿੰਗ ਤੋਂ ਏ-1 ਅਤੇ ਏ-2 ਕਿਸਮਾਂ ਦੇ ਦਾਅਵਿਆਂ ਨੂੰ ਹਟਾਉਣ ਲਈ ਕਿਹਾ ਗਿਆ ਸੀ। ਖੁਰਾਕ ਉਤਪਾਦਾਂ ਦੇ ਸੰਚਾਲਕ ਹੁਣ ਏ-1 ਅਤੇ ਏ-2 ਕਿਸਮ ਦੇ ਦੁੱਧ ਦੇ ਦਾਅਵਿਆਂ ਨਾਲ ਆਪਣੇ ਉਤਪਾਦਾਂ ਦੀ ਮਾਰਕੀਟਿੰਗ ਜਾਰੀ ਰੱਖ ਸਕਦੇ ਨੇ।

---

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 318ਵੇਂ ਸੰਪੂਰਨਤਾ ਦਿਵਸ ਸਮਾਗਮ ਅੱਜ ਤਲਵੰਡੀ ਸਾਬੋ ਸਥਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ, ਸ੍ਰੀ ਅਖ਼ੰਡ ਪਾਠ ਸਾਹਿਬ ਦੇ ਪ੍ਰਕਾਸ਼ ਹੋਣ ਦੇ ਨਾਲ ਹੀ ਰਸਮੀ ਤੌਰ ’ਤੇ ਸ਼ੁਰੂ ਹੋ ਗਏ। ਆਰੰਭਤਾ ਮਗਰੋਂ, ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਦੱਸਿਆ ਕਿ ਮੁੱਖ ਸਮਾਗਮ 29 ਅਗਸਤ ਨੂੰ ਹੋਣਗੇ, ਜਿਨ੍ਹਾ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਅਤੇ ਕਥਾਵਾਚਕ ਸੰਗਤਾਂ

ਨੂੰ ਗੁਰਬਾਣੀ ਕਥਾ ਕੀਰਤਨ ਨਾਲ ਜੋੜਨਗੇ ਜਦੋਂਕਿ ਸਮਾਗਮਾਂ ਵਿਚ ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਅਤੇ ਉੱਚ ਧਾਰਮਿਕ ਸਖਸ਼ੀਅਤਾਂ ਹਾਜ਼ਰੀ ਭਰਨਗੀਆਂ। ਤਖ਼ਤ ਸਾਹਿਬ ਦੇ ਮੈਨੇਜਰ ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਸੰਪੂਰਨਤਾ ਦਿਵਸ ਸਮਾਗਮਾਂ ’ਚ, ਦੇਸ਼ ਵਿਦੇਸ਼ ਤੋਂ ਸੰਗਤਾਂ ਦੀ ਆਮਦ ਦੇ ਮੱਦੇਨਜ਼ਰ ਰਿਹਾਇਸ਼ ਅਤੇ ਲੰਗਰਾਂ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ।

-------------------------------------------------------

'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-3 ਦੀ ਮਸ਼ਾਲ ਦੇ ਕੱਲ ਪਟਿਆਲਾ ਪੁੱਜਣ 'ਤੇ ਜ਼ਿਲਾ ਵਾਸੀਆਂ ਨੇ ਭਰਵਾਂ ਸਵਾਗਤ ਕੀਤਾ। ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਵਸਮੇਟ ਹੋਰਨਾਂ ਅਧਿਕਾਰੀਆਂ ਨੇ ਰਾਜਾ ਭਾਲਿੰਦਰ ਸਿੰਘ ਖੇਡ ਸਟੇਡੀਅਮ ਵਿਖੇ ਮਸ਼ਾਲ ਦਾ ਸਵਾਗਤ ਕੀਤਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਲੜੀ ਤਹਿਤ, ਸ਼ੁਰੂ ਕੀਤੀਆਂ

ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਨੇ ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਨੂੰ ਮੁੜ ਖੇਡ ਮੈਦਾਨਾਂ ਵਿੱਚ ਲਿਆਂਦਾ ਏ। ਉਨ੍ਹਾਂ ਕਿਹਾ ਕਿ ਰੰਗਲੇ ਪੰਜਾਬ ਦੇ ਬਰੈਂਡ ਅੰਬੈਸਡਰ ਇਨ੍ਹਾਂ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਖਿਡਾਰੀ ਹੀ ਨੇ। ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਖਿਡਾਰੀਆਂ ਨੂੰ ਖੇਡਾਂ ਲਈ ਬਿਹਤਰ ਸਹੂਲਤਾਂ ਦੇਣ ਦੇ ਮਕਸਦ ਨਾਲ, ਪੰਜਾਬ ਮੰਡੀ ਬੋਰਡ ਵੱਲੋਂ ਆਫ਼ ਸੀਜ਼ਨ ਵਿੱਚ ਮੰਡੀਆਂ ਦੇ ਸ਼ੈਡਾਂ ਨੂੰ ਇਨਡੋਰ ਸਟੇਡੀਅਮ ਦੇ ਤੌਰ 'ਤੇ ਵਰਤਣ ਦੀ ਸ਼ੁਰੂਆਤ ਕੀਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ 500 ਦੇ ਕਰੀਬ ਕੋਚਾਂ ਵੱਲੋਂ ਵੀ ਵਲੰਟੀਅਰ ਤੌਰ 'ਤੇ ਖਿਡਾਰੀਆਂ ਨੂੰ ਸਿਖਲਾਈ ਦੇਣ ਲਈ ਰਾਬਤਾ ਕੀਤਾ ਗਿਆ ਏ।

------------------------------------------------------------

ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਵੱਲੋਂ, ਸਤਿਸੰਗ ਭਵਨ ਗੋਨਿਆਣਾ ਮੰਡੀ ਵਿਖੇ ਲਾਏ ਖ਼ੂਨਦਾਨ ਕੈਂਪ ਲਾਇਆ ਗਿਆ। ਇਸ ਦੌਰਾਨ 40 ਯੂਨਿਟ ਖ਼ੂਨ ਦਾਨ ਕੀਤਾ ਗਿਆ। ਇਸ ਕੈਪ ਵਿਚ ਏਮਜ਼ ਹਸਪਤਾਲ ਬਠਿੰਡਾ ਦੀ ਟੀਮ ਖ਼ੂਨ ਇਕੱਤਰ ਕੀਤਾ। ਬਠਿੰਡਾ ਦੇ ਜੋਨਲ ਇੰਚਾਰਜ ਐਸ. ਪੀ. ਦੁੱਗਲ ਨੇ ਕਿਹਾ ਕਿ ਸੰਤ ਨਿਰੰਕਾਰੀ

ਮਿਸ਼ਨ ਦੇ ਸੇਵਾਦਾਰਾਂ ਵੱਲੋਂ ਦਾਨ ਕੀਤੇ ਗਏ ਖ਼ੂਨਦਾਨ ਨਾਲ ਕਿਸੇ ਇਨਸਾਨ ਦੀ ਅਣਮੁੱਲੀ ਜਾਨ ਬਚਾਈ ਜਾ ਸਕਦੀ ਏ। ਬ੍ਰਾਂਚ ਮੁਖੀ ਰਾਮ ਪ੍ਰਕਾਸ਼ ਨੇ ਦੱਸਿਆ ਕਿ ਹੁਣ ਤੱਕ ਸੰਤ ਨਿਰੰਕਾਰੀ ਮਿਸ਼ਨ ਦੇ 99 ਜ਼ੋਨਾ ਦੀਆਂ ਲਗਭਗ ਸਾਰੀਆਂ ਬ੍ਰਾਂਚਾਂ ਵਿਚ ਅਨੇਕਾਂ ਖ਼ੂਨਦਾਨ ਕੈਂਪ ਲਗਾਏ ਜਾ ਚੁੱਕੇ ਨੇ ,ਉਹਨਾਂ ਦੱਸਿਆ ਕਿ ਸੰਤ ਨਿਰੰਕਾਰੀ ਮਿਸ਼ਨ ਵਲੋਂ ਮਾਨਵਤਾ ਦੀ ਭਲਾਈ ਅਤੇ ਸਮਾਜ ਦੀ ਉੱਨਤੀ ਲਈ ਕਈ ਕਾਰਜ ਕੀਤੇ ਜਾਂਦੇ ਨੇ, ਜਿਹਨਾਂ ਵਿਚ ਸਾਦਾ ਵਿਆਹ , ਨਸ਼ਾ ਮੁਕਤੀ , ਸਫਾਈ ਮੁਹਿੰਮ , ਬੂਟੇ ਲਾਉਣਾ, ਪ੍ਰੋਜੈਕਟ ਅੰਮ੍ਰਿਤ ਅਤੇ ਨੌਜਵਾਨਾਂ ਨੂੰ ਖੇਡਾਂ ਵਲ ਪ੍ਰੇਰਿਤ ਕਰਨਾ ਮੁੱਖ ਤੌਰ 'ਤੇ ਸ਼ਾਮਿਲ ਨੇ।

---

ਪੰਜਾਬ ਖੇਤੀਬਾੜੀ ਯੂਨੀਵਰਸਿਟੀ.-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਸੰਤੁਲਿਤ ਖੁਰਾਕ ਦੀ ਮਹੱਤਤਾ ਬਾਰੇ ਆਂਗਨਵਾੜੀ ਵਰਕਰਜ਼ ਲਈ ਕੈਂਪ ਲਗਾਇਆ ਗਿਆ । ਸਿਖਲਾਈ ਬਾਰੇ ਸਹਿਯੋਗੀ ਡਾਇਰੈਕਟਰ ਡਾ. ਵਿਪਨ ਕੁਮਾਰ ਰਾਮਪਾਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਬਲਾਕਾਂ ਤੋ 14 ਆਂਗਨਵਾੜੀ ਵਰਕਰਾਂ ਨੇ ਹਿੱਸਾ ਲਿਆ। ਇਸ ਕੈਂਪ

ਦੌਰਾਨ ਡਾ. ਮਨੀਸ਼ਾ ਭਾਟੀਆ ਸਹਾਇਕ ਪ੍ਰੋਫੈਸਰ ਗ੍ਰਿਹ ਵਿਗਿਆਨ ਨੇ ਸ਼ਾਮਿਲ ਹੋਏ ਆਂਗਨਵਾੜੀ ਵਰਕਰਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਸੰਤੁਲਿਤ ਖੁਰਾਕ ਹਰ ਉਮਰ ਵਰਗ ਲਈ ਬਹੁਤ ਜ਼ਰੂਰੀ ਏ ਅਤੇ ਗਰਭ-ਅਵਸਥਾ ਦੌਰਾਨ ਇਸ ਦਾ ਮੱਹਤ ਹੋਰ ਵੀ ਵਧ ਜਾਂਦਾ ਏ। ਉਨ੍ਹਾਂ ਦੱਸਿਆ ਕਿ ਜੀਵਨ ਸ਼ੈਲੀ ਵਿੱਚ ਬਦਲਾਅ ਕਾਰਣ ਸ਼ਰੀਰ ਦੀਆਂ ਖੁਰਾਕੀ ਲੋੜਾਂ ਵਿਚ ਵੀ ਬਦਲਾਅ ਆ ਰਿਹਾ ਏ। ਇਸ ਦੇ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਏ ਅਤੇ ਆਂਗਨਵਾੜੀ ਵਰਕਰਜ਼ ਦੀ ਇਸ ਵਿੱਚ ਮੱਹਤਵਪੂਰਣ ਭੂਮਿਕਾ ਹੁੰਦੀ ਏ। ਉਨ੍ਹਾਂ ਨੇ ਅਨੀਮਿਆ ਯਾਨੀ ਦੇ ਕਾਰਣ ਅਤੇ ਲਛਣਾਂ ਬਾਰੇ ਜਾਣਕਾਰੀ ਦਿੱਤੀ ਅਤੇ ਇਸਤੋਂ ਬਚਾਅ ਲਈ ਖੁਰਾਕ ਦੀ ਮੱਹਤਤਾ ਬਾਰੇ ਵੀ ਵਿਸਥਾਰ ਵਿੱਚ ਚਰਚਾ ਕੀਤੀ ।

---------------------------------------------------------------------

ਮੌਸਮ ਵਿਭਾਗ ਨੇ, ਪੰਜਾਬ 'ਚ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਿੱਚ ਅੱਜ ਮੀਂਹ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ। ਬੀਤੀ ਰਾਤ ਵੀ ਮੋਹਾਲੀ, ਪਟਿਆਲ਼ਾ, ਫਾਜ਼ਿਲਕਾ ਤੇ ਫਤਹਿਗੜ੍ਹ ਸਮੇਤ ਕਈ ਥਾਂਈਂ ਮੀਂਹ ਪਿਆ ਤੇ ਅੱਜ ਵੀ ਜਲੰਧਰ ਸਮੇਤ ਹੋਰਨਾਂ ਕਿ

ਥਾਵਾਂ 'ਤੇ ਬੱਦਲਵਾਈ ਬਣੀ ਹੋਈ ਏ । ਇਸ ਤੋਂ ਇਲਾਵਾ ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਨਵਾਂਸ਼ਹਿਰ, ਰੂਪਨਗਰ , ਮੋਹਾਲੀ, ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ, ਮਾਨਸਾ ਅਤੇ ਬਠਿੰਡਾ 'ਚ ਮੀਂਹ ਪੈਣ ਦੀ ਸੰਭਾਵਨਾ ਦਸੀ ਗਈ ਏ । ਬੀਤੇ ਕੱਲ ਤਾਪਮਾਨ 'ਚ ਮਾਮੂਲੀ ਵਾਧਾ ਦੇਖਿਆ ਗਿਆ । ਸੂਬੇ ਦਾ ਔਸਤਨ ਤਾਪਮਾਨ ਆਮ ਨਾਲੋਂ 2.1 ਡਿਗਰੀ ਵੱਧ ਦਰਜ ਕੀਤਾ ਗਿਆ ਏ । ਮੌਸਮ ਵਿਭਾਗ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਕੱਲ ਸ਼ਾਮ ਤੱਕ ਗੁਰਦਾਸਪੁਰ ਵਿੱਚ 4 ਮਿਲੀ-ਮੀਟਰ ,ਪਠਾਨਕੋਟ ਵਿੱਚ 1, ਅੰਮ੍ਰਿਤਸਰ ਵਿੱਚ 0.7, ਫ਼ਿਰੋਜ਼ਪੁਰ ਵਿੱਚ 0.5 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ ।